# ਪ੍ਰਧਾਨ ਮੰਤਰੀ ਨੇ ਯੂਨਾਇਟੇਡ ਕਿੰਗਡਮ ਦੇ ਪ੍ਰਧਾਨ ਮੰਤਰੀ ਨਾਲ ਗੱਲ ਕੀਤੀ

ਮਾਰਚ 12, 2024

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਯੂਨਾਈਟਿਡ ਕਿੰਗਡਮ ਦੇ ਪ੍ਰਧਾਨ ਮੰਤਰੀ, ਮਹਾਮਹਿਮ ਸ਼੍ਰੀ ਰਿਸ਼ੀ ਸੁਨਕ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਵੇਂ ਨੇਤਾਵਾਂ ਨੇ ਦੁਵੱਲੀ ਵਿਆਪਕ ਰਣਨੀਤਕ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਉਨ੍ਹਾਂ ਨੇ ਵਪਾਰ, ਨਿਵੇਸ਼, ਰੱਖਿਆ, ਸੁਰੱਖਿਆ, ਉਭਰਦੀਆਂ ਤਕਨੀਕਾਂ ਅਤੇ ਹੋਰਾਂ ਮੁੱਦਿਆਂ ਸਮੇਤ ਵੱਖੋ-ਵੱਖਰੇ ਖੇਤਰਾਂ ਵਿੱਚ ਰੋਡਮੈਪ 2030 ਦੇ ਤਹਿਤ ਹੋਈ ਪ੍ਰਗਤੀ 'ਤੇ ਤਸੱਲੀ ਪ੍ਰਗਟ ਕੀਤੀ।

ਉਹਨਾਂ ਨੇ ਇੱਕ ਆਪਸੀ ਫਾਇਦੇਮੰਦ ਮੁਕਤ ਵਪਾਰ ਸਮਝੌਤੇ ਦੇ ਛੇਤੀ ਆਏ ਪਰਿਣਾਮ ਵੱਲ ਹੋਈ ਤਰੱਕੀ ਦਾ ਸਕਾਰਾਤਮਕ ਤੌਰ ਨਾਲ ਮੁਲਾਂਕਣ ਕੀਤਾ।

ਦੋਹਾਂ ਨੇਤਾਵਾਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਵਿਸ਼ਵ-ਵਿਆਪੀ ਵਿਕਾਸ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

ਦੋਵੇਂ ਨੇਤਾਵਾਂ ਨੇ ਆਪਸੀ ਸੰਪਰਕ ਵਿੱਚ ਰਹਿਣ ਵਾਸਤੇ ਸਹਿਮਤੀ ਪ੍ਰਗਟ ਕੀਤੀ ਅਤੇ ਹੋਲੀ ਦੇ ਆਗਾਮੀ ਤਿਉਹਾਰ ਦੇ ਮੌਕੇ 'ਤੇ ਇੱਕ ਦੂੱਜੇ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

**ਨਵੀਂ ਦਿੱਲੀ**
**ਮਾਰਚ 12, 2024**